# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

**18:20 Pm**

**ਮਿਤੀ: 22-05-2024**

- ਚੋਣ ਕਮਿਸ਼ਨ ਨੇ ਜਲੰਧਰ ਤੇ ਲੁਧਿਆਣਾ ਦੇ ਪੁਲਿਸ ਕਮਿਸ਼ਨਰਾਂ ਨੂੰ ਤੁਰੰਤ ਪ੍ਰਭਾਵ ਨਾਲ ਉਨ੍ਹਾਂ ਦੇ ਮੌਜੂਦਾ ਅਹੁਦਿਆਂ ਤੋਂ ਟਰਾਂਸਫਰ ਕਰਕੇ ਗੈਰ ਚੋਣ ਡਿਊਟੀ ‘ਤੇ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਨੇ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਮਈ ਨੂੰ ਪਟਿਆਲਾ ਅਤੇ 24 ਮਈ ਨੂੰ ਗੁਰਦਾਸਪੁਰ ਤੇ ਜਲੰਧਰ ਵਿਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿਚ ਚੋਣ ਰੈਲੀਆਂ ਨੂੰ ਸੰਬੋਧਤ ਕਰਨਗੇ।
- ਸੀ ਬੀ ਆਈ ਨੇ ਲੁਧਿਆਣਾ ਦੇ ਮੁੱਲਾਂਪੁਰ ਦਾਖਾ ਵਿਖੇ ਐਫ ਸੀ ਆਈ ਦੇ ਮੈਨੇਜਰ, ਦੋ ਮੁਲਾਜ਼ਮਾਂ ਅਤੇ ਇਕ ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਣ ਦੇ ਦੋਸ਼ ਹੇਠ ਗਿਰਫਤਾਰ ਕੀਤਾ।
- ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਦਾ ਕਹਿਰ ਜਾਰੀ ਏ।

-----------------------------------------------------

ਚੋਣ ਕਮਿਸ਼ਨ ਨੇ ਪੰਜਾਬ ਪੁਲਿਸ ਦੇ ਦੋ ਅਧਿਕਾਰੀਆਂ ਨੂੰ ਚੋਣ ਡਿਊਟੀ ਤੋਂ ਹਟਾ ਕੇ ਗੈਰ-ਚੋਣ ਡਿਊਟੀ 'ਤੇ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਫ਼ਤਰ, ਮੁੱਖ ਚੋਣ ਅਫ਼ਸਰ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਸਕੱਤਰ ਨੂੰ ਲਿਖੇ ਇਕ ਪੱਤਰ ਵਿੱਚ ਚੋਣ ਕਮਿਸ਼ਨ ਨੇ 2009 ਬੈਚ ਦੇ ਆਈ ਪੀ ਐਸ ਅਧਿਕਾਰੀਆਂ ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਅਤੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਕੁਲਦੀਪ ਚਾਹਲ ਨੂੰ ਉਨ੍ਹਾਂ ਦੇ ਮੌਜੂਦਾ ਅਹੁਦਿਆਂ ਤੋਂ ਟਰਾਂਸਫਰ ਕਰਕੇ ਗੈਰ-ਚੋਣ ਡਿਊਟੀ ‘ਤੇ ਤਾਇਨਾਤ ਕਰਨ ਲਈ ਕਿਹਾ ਏ। ਇਸ ਦੇ ਨਾਲ ਹੀ ਕਮਿਸ਼ਨ ਨੇ ਮੁੱਖ ਸਕੱਤਰ ਨੂੰ ਜਲੰਧਰ ਅਤੇ ਲੁਧਿਆਣਾ ਵਿੱਚ ਤਾਇਨਾਤੀ ਲਈ ਤਿੰਨ ਯੋਗ ਅਧਿਕਾਰੀਆਂ ਦਾ ਪੈਨਲ ਮੁਹੱਈਆ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ ਨੇ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਅਤੇ 24 ਮਈ ਨੂੰ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿਚ ਚੋਣ ਪ੍ਰਚਾਰ ਲਈ ਪੰਜਾਬ ਆ

ਰਹੇ ਨੇ। ਭਲਕੇ 23 ਮਈ ਨੂੰ ਉਹ ਪਟਿਆਲਾ ਅਤੇ 24 ਮਈ ਨੂੰ ਗੁਰਦਾਸਪੁਰ ਤੇ ਜਲੰਧਰ ਵਿਚ ਪਾਰਟੀ ਦੀਆਂ ਜਨਤਕ ਰੈਲੀਆਂ ਨੂੰ ਸੰਬੋਧਤ ਕਰਨਗੇ। ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਵੱਖ-ਵੱਖ ਏਜੰਸੀਆਂ ਪਿਛਲੇ ਕਈ ਦਿਨਾਂ ਤੋਂ ਪੂਰੀ ਤਰ੍ਹਾਂ ਨਾਲ ਚੌਕਸ ਨੇ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਲਗਾਤਾਰ ਰਿਹਰਸਲ ਕੀਤੀ ਜਾ ਰਹੀ ਏ। ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਹੋਣ ਵਾਲੀ ਪ੍ਰਧਾਨ ਮੰਤਰੀ ਮੋਦੀ ਦੀ ਰੈਲੀ ਲਈ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ। ਜਲੰਧਰ ਦੇ ਪੀ ਏ ਪੀ ਗਰਾਉਂਡ ਵਿਚ ਹੋਣ ਵਾਲੀ ਪ੍ਰਧਾਨਮੰਤਰੀ ਦੀ ਰੈਲੀ ਨੂੰ ਲੈ ਕੇ ਐਸ ਪੀ ਜੀ ਅਧਿਕਾਰੀਆਂ ਨੇ ਕਲ ਜ਼ਿਲਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਇਕ ਮੀਟਿੰਗ ਕੀਤੀ ਜਿਸ ਵਿਚ ਸੁਰੱਖਿਆ ਸਮੇਤ ਹੋਰ ਪ੍ਰਬੰਧਾਂ ਤੇ ਚਰਚਾ ਕੀਤੀ ਗਈ। 24 ਮਈ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪਹਿਲਾ ਗੁਰਦਾਸਪੁਰ ਜਾਣਗੇ ਅਤੇ ਮਗਰੋਂ ਜਲੰਧਰ ਆਉਣਗੇ।

---

ਇਸ ਦੌਰਾਨ ਪਟਿਆਲਾ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੀ ਉਮੀਦਵਾਰ ਪ੍ਰਨੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ

ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪਟਿਆਲਾ ਫੇਰੀ ਨੂੰ ਲੈ ਕੇ ਜ਼ਿਲ੍ਹੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਏ। ਉਨ੍ਹਾਂ ਕਿਹਾ ਕਿ ਵਿਕਸਿਤ ਭਾਰਤ ਬਾਰੇ ਪ੍ਰਧਾਨ ਮੰਤਰੀ ਦੇ ਏਜੰਡੇ ਵਿੱਚ ਪੰਜਾਬ ਵਿੱਚ ਕੀ ਕੁਝ ਹੋਣ ਜਾ ਰਿਹਾ ਏ, ਇਸ ਬਾਰੇ ਵਿਸ਼ੇਸ਼ ਜਾਣਕਾਰੀ ਪ੍ਰਧਾਨ ਮੰਤਰੀ ਖੁਦ ਪਟਿਆਲਾ ਦੇ ਲੋਕਾਂ ਨਾਲ ਸਾਂਝੀ ਕਰ ਸਕਦੇ ਨੇ।

---------------------------------------------------------------

ਲੋਕ ਸਭਾ ਹਲਕਾ ਸੰਗਰੂਰ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਰਵਿੰਦ ਖੰਨਾ ਵੱਲੋਂ ਅੱਜ ਸੁਨਾਮ ਦੇ ਜੈਨ ਮੰਦਰ ਵਿਖੇ ਮੱਥਾ ਟੇਕ ਕੇ ਆਪਣੇ ਚੋਣ ਪ੍ਰਚਾਰ ਦੀ ਮੁਹਿਮ ਨੂੰ ਸ਼ੁਰੂ ਕੀਤਾ ਗਿਆ। ਇਸ ਮੌਕੇ ਉਹਨਾਂ ਮੰਦਿਰ ਵਿੱਚ ਹਲਕੇ ਦੇ ਲੋਕਾ ਲਈ ਚੜਦੀ ਕਲਾ ਦੀ ਅਰਦਾਸ ਕੀਤੀ। ਐਸ ਐਸ ਜੈਨ ਸਭਾ ਸੁਨਾਮ ਦੇ ਅਹੁਦੇਦਾਰਾਂ ਨੇ ਮੰਦਰ ਪੁੱਜਣ ਤੇ ਅਰਵਿੰਦ ਖੰਨਾ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਮਜਬੂਤ ਤੇ ਸਥਿੱਰ ਸਰਕਾਰ ਹੀ ਪੰਜਾਬ ਵਰਗੇ ਸੰਵੇਦਨਸ਼ੀਲ ਸੂਬੇ ਦਾ ਸਹੀ ਮਾਇਨੇ ਵਿੱਚ ਵਿਕਾਸ ਕਰ ਸਕਦੀ ਏ।

ਉਹਨਾਂ ਕਿਹਾ ਕਿ ਹਲਕੇ ਦੇ ਦੋਵੇਂ ਸਾਬਕਾ ਸੰਸਦ ਮੈਂਬਰਾਂ ਨੇ ਲੋਕ ਸਭਾ ਵਿੱਚ ਆਪਣੀ ਸਿਆਸਤ ਚਮਕਾਉਣ ਤੋਂ ਇਲਾਵਾ ਹਲਕੇ ਦੇ ਲੋਕਾਂ ਦੀ ਭਲਾਈ ਲਈ ਕੋਈ ਵੀ ਗੱਲ ਨਹੀਂ ਕੀਤੀ। ਉਹਨਾਂ ਕਿਹਾ ਕਿ ਪਹਿਲਾਂ ਸੰਗਰੂਰ ਹਲਕੇ ਦੇ ਲੋਕਾਂ ਨੇ ਭਗਵੰਤ ਸਿੰਘ ਮਾਨ ਨੂੰ ਲੋਕ ਸਭਾ ਵਿਚ ਭੇਜਿਆ ਅਤੇ ਹੁਣ ਬਹੁਮਤ ਦੇ ਕੇ ਪੰਜਾਬ ਦਾ ਮੁੱਖ ਮੰਤਰੀ ਬਣਾਇਆ ਪਰ ਭਗਵੰਤ ਸਿੰਘ ਮਾਨ ਵੱਲੋਂ ਸੰਗਰੂਰ ਹਲਕੇ ਦੇ ਲੋਕਾਂ ਨਾਲ ਧ੍ਰੋਹ ਹੀ ਕਮਾਇਆ ਗਿਆ ਏ।

---------------------------------------------------------

ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸੀ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਦੇ ਹੱਕ ਵਿਚ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਵੱਖ ਵੱਖ ਪਿੰਡਾਂ ਵਿਚ 'ਚ ਚੋਣ ਪ੍ਰਚਾਰ ਕੀਤਾ। ਉਨਾਂ ਆਪਣੇ ਪੁੱਤਰ ਸਿੱਧੂ ਮੂਸੇਵਾਲਾ ਦੇ ਕਾਤਲਾਂ ਪ੍ਰਤੀ ਆਮ ਆਦਮੀ ਪਾਰਟੀ ਦੇ ਰਵਈਏ ਦੀ ਤਿੱਖੀ ਆਲੋਚਨਾ ਕੀਤੀ। ਬਲਕੌਰ ਸਿੰਘ ਨੇ ਵੋਟਰਾਂ ਨੂੰ ਆਪਣੇ ਮਰਹੂਮ ਪੁੱਤਰ ਸਿੱਧੂ ਮੂਸੇਵਾਲਾ ਦਾ ਵਾਸਤਾ ਪਾ ਕਿ ਕਿਹਾ ਕਿ ਜੇਕਰ ਸਿਧੂ ਮੂਸੇਵਾਲਾ ਦੇ

ਕਾਤਲਾਂ ਨੂੰ ਮਿਸਾਲੀ ਸਜ਼ਾ ਦਿਵਾਉਣੀ ਚਾਹੁੰਦੇ ਹੋ ਤੇ ਜਿਹਨਾਂ ਲੋਕਾਂ ਨੇ ਸਿੱਧੂ ਮੁਸੈਵਾਲਾ ਦੀ ਸੁਰੱਖਿਆ ਵਾਪਿਸ ਲੈ ਕੇ ਉਸਨੂੰ ਜਨਤਕ ਕੀਤਾ ਤੇ ਉਹਨਾਂ ਲੋਕਾਂ ਤੇ ਮੁਕੱਦਮੇ ਦਰਜ਼ ਕਰਾਉਣਾ ਚਾਹੁੰਦੇ ਹੋ ਤਾਂ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਆਪਣਾ ਇਕ ਇਕ ਕੀਮਤੀ ਵੋਟ ਪਾ ਕੇ ਕਾਮਯਾਬ ਕਰੋ ।

---------------------------------------------------------------

ਪੰਜਾਬ ਦੇ ਇਤਿਹਾਸਕ ਸ਼ਹਿਰ ਫਰੀਦਕੋਟ ਨੂੰ ਸੂਫੀ ਸੰਤਾਂ ਦਾ ਤਪ ਸਥਾਨ ਹੋਣ ਦਾ ਮਾਣ ਪ੍ਰਾਪਤ ਏ । ਫਰੀਦਕੋਟ ਲੋਕਸਭਾ ਹਲਕੇ ਵਿਚ 12 ਆਜ਼ਾਦ ਉਮੀਦਵਾਰਾਂ ਸਮੇਤ ਕੁੱਲ 28 ਉਮੀਦਵਾਰ ਮੈਦਾਨ ਵਿੱਚ ਨੇ । ਕੁੱਲ ਵੋਟਰਾਂ ਦੀ ਗਿਣਤੀ 15 ਲੱਖ 94 ਹਜ਼ਾਰ 33 ਏ, ਜਿਨ੍ਹਾਂ ਵਿੱਚ 8 ਲੱਖ 42 ਹਜ਼ਾਰ 184 ਮਰਦ, 7 ਲੱਖ 51 ਹਜ਼ਾਰ 768 ਔਰਤ ਅਤੇ 48 ਥਰਡ ਜੈਂਡਰ ਵੋਟਰ ਸ਼ਾਮਲ ਨੇ ।

***ਇੱਕ ਰਿਪੋਰਟ:==ਡਿਸਪੈਚ: ਬਾਬਾ ਫ਼ਰੀਦ ਦੀ ਨਗਰੀ ਵਜੋਂ ਇਕ ਵੱਖਰੀ ਹੀ ਪਛਾਣ ਰੱਖਣ ਵਾਲੇ ਮਾਲਵੇ ਦੇ ਫ਼ਰੀਦਕੋਟ ਰਾਖਵੇਂ ਲੋਕਸਭਾ ਹਲਕੇ ਵਿੱਚ ਇਸ ਵਾਰ ਦੋ ਉਘੇ ਕਲਾਕਾਰਾਂ ਸਮੇਤ ਹੋਰ***

ਉਮੀਦਵਾਰਾਂ ਦੀ ਚੋਣ ਜੰਗ ਦੇਖਣ ਨੂੰ ਮਿਲ ਰਹੀ ਏ। ਭਾਜਪਾ ਦੇ ਉਮੀਦਵਾਰ ਪ੍ਰਸਿੱਧ ਸੂਫੀ ਗਾਇਕ ਹੰਸਰਾਜ ਹੰਸ ਪਿਛਲੇ ਕਈ ਦਿਨਾਂ ਤੋਂ ਹਲਕੇ ਵਿੱਚ ਚੋਣ ਪ੍ਰਚਾਰ ਵਿਚ ਰੁਝੇ ਹੋਏ ਨੇ ਜਦਕਿ ਆਮ ਆਦਮੀ ਪਾਰਟੀ ਦੇ ਕਰਮਜੀਤ ਅਨਮੋਲ ਵੀ ਆਪਣੇ ਕਾਮੇਡੀ ਹੁਨਰ ਨਾਲ ਵੋਟਰਾਂ ਨੂੰ ਲੁਭਾਉਣ ਦਾ ਯਤਨ ਕਰ ਰਹੇ ਨੇ। ਸਨ 2019 ਦੀਆਂ ਲੋਕ ਸਭਾ ਚੋਣਾਂ ਵਿੱਚ ਉਘੇ ਕਲਾਕਾਰ ਮੁਹੰਮਦ ਸਦੀਕ ਕਾਂਗਰਸ ਦੇ ਟਿਕਟ ਤੇ ਕਾਮਯਾਬ ਰਹੇ ਸਨ ਪਰ ਇਸ ਵਾਰ ਪਾਰਟੀ ਨੇ ਉਨ੍ਹਾਂ ਦੀ ਟਿਕਟ ਕਟ ਦਿੱਤੀ ਅਤੇ ਕਰੀਬ ਦੋ ਸਾਲ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨਾਲੋਂ ਨਾਤਾ ਤੋੜ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੀ ਅਮਰਜੀਤ ਕੌਰ ਸਾਹੋਕੇ 'ਤੇ ਭਰੋਸਾ ਪ੍ਰਗਟਾਇਆ ਏ। ਸ਼੍ਰੋਮਣੀ ਅਕਾਲੀ ਦਲ ਦੇ ਰਾਜਵਿੰਦਰ ਸਿੰਘ ਧਰਮਕੋਟ ਅਤੇ ਬਹੁਜਨ ਸਮਾਜ ਪਾਰਟੀ ਦੇ ਗੁਰਬਖਸ਼ ਸਿੰਘ ਚੌਹਾਨ ਵੀ ਚੋਣ ਪ੍ਰਚਾਰ ਵਿੱਚ ਜੁਟੇ ਹੋਏ ਨੇ। ਕੁੱਲ 9 ਵਿਧਾਨ ਸਭਾ ਹਲਕੇ ਫਰੀਦਕੋਟ ਲੋਕਸਭਾ ਸੀਟ ਦਾ ਹਿੱਸਾ ਨੇ ਅਤੇ ਇਸ ਵੇਲੇ 8 ਹਲਕਿਆਂ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕ ਨੇ। ਅਜਿਹੇ ਵਿਚ ਪਾਰਟੀ ਨੂੰ

***ਸੱਤਾ ਵਿਰੋਧੀ ਰੁਖ ਜਬਰਦਸਤ ਦਾ ਡਰ ਵੀ ਸਤਾ ਰਿਹਾ ਏ ।***

***ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

-----------------------------------------------------------

ਕੇਂਦਰੀ ਜਾਂਚ ਬਿਊਰੋ ਸੀ ਬੀ ਆਈ ਨੇ ਲੁਧਿਆਣਾ ਦੇ ਮੁੱਲਾਂਪੁਰ ਦਾਖਾ ਵਿਖੇ ਐਫ ਸੀ ਆਈ ਦੇ ਮੈਨੇਜਰ ਕੁਆਲਿਟੀ ਵੀਰੇਂਦਰ ਕੁਮਾਰ, ਤਕਨੀਕੀ ਸਹਾਇਕ ਪੰਕਜ ਕੁਮਾਰ ਤੇ ਧਰਮ ਸਿੰਘ ਅਤੇ ਇਕ ਪ੍ਰਾਈਵੇਟ ਵਿਅਕਤੀ ਜਗਦੀਪ ਸਿੰਘ ਖਿਲਾਫ ਰਿਸ਼ਵਤ ਲੈਣ ਦੇ ਦੋਸ਼ ਹੇਠ ਮਾਮਲਾ ਦਰਜ ਕਰਕੇ ਗਿਰਫਤਾਰ ਕਰ ਲਿਆ ਏ। ਇਹ ਦੋਸ਼ ਲਗਾਇਆ ਗਿਆ ਕਿ ਮੈਨੇਜਰ ਅਤੇ ਤਕਨੀਕੀ ਸਹਾਇਕਾਂ ਨੇ ਸ਼ਿਕਾਇਤਕਰਤਾ ਤੋਂ ਉਸਦੇ ਚੌਲਾਂ ਲਈ 3,000 ਰੁਪਏ ਪ੍ਰਤੀ ਟਰੱਕ ਦੀ ਦਰ ਨਾਲ ਮਿੱਲ ਨੂੰ ਖੇਪ ਭੇਜਣ ਲਈ 1 ਲੱਖ 5 ਹਜ਼ਾਰ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ। ਸੀ ਬੀ ਆਈ ਦੇ ਇਕ ਬੁਲਾਰੇ ਨੇ ਦੱਸਿਆ ਕਿ ਸੂਚਨਾ ਮਿਲਣ ਤੇ ਸੀ ਬੀ ਆਈ ਨੇ ਜਾਲ ਵਿਛਾਇਆ ਅਤੇ ਉਕਤ ਦੋਸ਼ੀਆਂ ਨੂੰ 50 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨਾਂ ਕੋਲੋਂ 50 ਹਜ਼ਾਰ ਰੁਪਏ ਬਰਾਮਦ ਵੀ ਕਰ ਲਏ ਗਏ। ਮੁਲਜ਼ਮਾਂ ਦੇ ਰਿਹਾਇਸ਼ੀ

ਅਤੇ ਸਰਕਾਰੀ ਦਫਤਰ ਵਿੱਚ ਪੰਜ ਥਾਵਾਂ ’ਤੇ ਤਲਾਸ਼ੀ ਲਈ ਗਈ ਜਿਸ ਦੌਰਾਨ ਇਤਰਾਜ਼ਯੋਗ ਦਸਤਾਵੇਜ਼ ਬਰਾਮਦ ਹੋਏ ਨੇ। ਇਸ ਮਾਮਲੇ ਦੀ ਅਗੇ ਜਾਂਚ ਜਾਰੀ ਏ।

-------------------------------------------------------------

ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਦਾ ਕਹਿਰ ਜਾਰੀ ਏ। ਮੌਸਮ ਵਿਭਾਗ ਨੇ ਚਾਰ ਜ਼ਿਲ੍ਹਿਆਂ ਫਾਜ਼ਿਲਕਾ, ਮੁਕਤਸਰ, ਬਠਿੰਡਾ ਅਤੇ ਮਾਨਸਾ ਵਿੱਚ ਹੀਟ ਵੇਵ ਸੰਬੰਧੀ ਰੈਡ ਅਲਰਟ ਜਾਰੀ ਕੀਤਾ ਏ। ਬਠਿੰਡਾ ਦਾ ਤਾਪਮਾਨ ਪਿਛਲੇ ਕੁਝ ਦਿਨਾਂ ਤੋਂ ਸਭ ਤੋਂ ਵੱਧ ਦਰਜ ਕੀਤਾ ਜਾ ਰਿਹਾ ਏ। ਕਲ ਇੱਕ ਵਾਰ ਫਿਰ ਸੂਬੇ ਦਾ ਸਭ ਤੋਂ ਵੱਧ ਤਾਪਮਾਨ 45 ਅਸ਼ਰੀਆਂ 4 ਡਿਗਰੀ ਸੈਲਸੀਅਸ ਬਠਿੰਡਾ ਵਿਚ ਰਿਹਾ। 46 ਸਾਲ ਪਹਿਲਾਂ 21 ਮਈ 1978 ਨੂੰ ਵੱਧ ਤੋਂ ਵੱਧ ਤਾਪਮਾਨ 47 ਅਸ਼ਰੀਆ 7 ਡਿਗਰੀ ਸੈਲਸੀਅਸ ਦਰਜ਼ ਕੀਤਾ ਗਿਆ ਸੀ ਅਤੇ ਹੁਣ ਕਈ ਸ਼ਹਿਰਾਂ ਵਿੱਚ 25 ਮਈ ਨੂੰ ਤਾਪਮਾਨ ਦੇ 48 ਡਿਗਰੀ ਤੱਕ ਪਹੁੰਚਣ ਦੀ ਸੰਭਾਵਨਾ ਦੱਸੀ ਜਾ ਰਹੀ ਏ। ਜੇਕਰ ਅਜਿਹਾ ਹੁੰਦਾ ਏ ਤਾਂ ਪਿਛਲੇ 46 ਸਾਲਾਂ ਦਾ ਰਿਕਾਰਡ ਟੁੱਟ ਜਾਵੇਗਾ। ਏਧਰ ਕੌਮੀ ਆਫ਼ਤ ਪ੍ਰਬੰਧਨ

ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ, ਪਾਣੀ ਜਾਂ ਓ ਆਰ ਐਸ ਘੋਲ ਦਾ ਸੇਵਨ ਲਗਾਤਾਰ ਕਰਦੇ ਰਹਿਣ, ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ, ਖਾਸਤੌਰ ਤੇ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚਣ, ਛਾਂ ਵਿੱਚ ਰਹਿਣ ਅਤੇ ਸਵੇਰੇ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਦੀ ਸਲਾਹ ਦਿੱਤੀ ਏ।

---

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਚੋਣ ਕਮਿਸ਼ਨ ਨੇ ਜਲੰਧਰ ਤੇ ਲੁਧਿਆਣਾ ਦੇ ਪੁਲਿਸ ਕਮਿਸ਼ਨਰਾਂ ਨੂੰ ਤੁਰੰਤ ਪ੍ਰਭਾਵ ਨਾਲ ਉਨ੍ਹਾਂ ਦੇ ਮੌਜੂਦਾ ਅਹੁਦਿਆਂ ਤੋਂ ਟਰਾਂਸਫਰ ਕਰਕੇ ਗੈਰ ਚੋਣ ਡਿਊਟੀ ‘ਤੇ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਨੇ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਮਈ ਨੂੰ ਪਟਿਆਲਾ ਅਤੇ 24 ਮਈ ਨੂੰ ਗੁਰਦਾਸਪੁਰ ਤੇ ਜਲੰਧਰ ਵਿਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿਚ ਚੋਣ ਰੈਲੀਆਂ ਨੂੰ ਸੰਬੋਧਤ ਕਰਨਗੇ।

- ਸੀ ਬੀ ਆਈ ਨੇ ਲੁਧਿਆਣਾ ਦੇ ਮੁੱਲਾਂਪੁਰ ਦਾਖਾ ਵਿਖੇ ਐਫ ਸੀ ਆਈ ਦੇ ਮੈਨੇਜਰ, ਦੋ ਮੁਲਾਜ਼ਮਾਂ ਅਤੇ ਇਕ ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਣ ਦੇ ਦੋਸ਼ ਹੇਠ ਗਿਰਫਤਾਰ ਕੀਤਾ।
- ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਦਾ ਕਹਿਰ ਜਾਰੀ ਏ।